# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

## ਪ੍ਰੈਸ ਨੋਟ

## ਮੇਅਰ ਵਲੋਂ ਮਾਤਾ ਚਿੰਤਪੁਰਨੀ ਰੋਡ ਤੇ ਮੇਲੇ ਦੌਰਾਨ ਕੀਤੇ ਜਾ ਰਹੇ ਪ੍ਰਬੰਧਾ ਦਾ ਜਾਇਜਾ

ਹੁਸ਼ਿਆਰਪੁਰ 01 ਅਗਸਤ ਮਾਤਾ ਚਿੰਤਪੁਰਨੀ ਮੇਲੇ ਦੌਰਾਨ ਹੁਸ਼ਿਆਰਪੁਰ ਤੋਂ ਚਿੰਤਪੁਰਨੀ ਰੋਡ ਰਾਹੀਂ ਜਾਣ ਵਾਲੇ ਸ਼ਰਧਾਲੂਆਂ ਦੀ ਸੁਵਿਧਾ ਲਈ ਨਗਰ ਨਿਗਮ ਵਲੋਂ ਕੀਤੇ ਜਾ ਰਹੇ ਪ੍ਰਬੰਧਾ ਦਾ ਜਾਇਜਾ ਲੈਣ ਲਈ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਅੱਜ ਵਿਸ਼ੇਸ਼ ਦੌਰਾ ਕੀਤਾ। ਸੈਨੇਟਰੀ ਇੰਸਪੈਕਟਰ ਸੰਜੀਵ ਕੁਮਾਰ, ਜਨਕ ਰਾਜ, ਸੁਰਿੰਦਰ ਕੁਮਾਰ, ਸੁਪਰਵਾਈਜਰ ਮਦਨ ਲਾਲ, ਰਾਮੇਸ਼ ਕੁਮਾਰ, ਜਿਲਾ ਮਹਿਲਾ ਮੋਰਚਾ ਪ੍ਰਧਾਨ ਅਰਚਨਾ ਜੈਨ ਅਤੇ ਵਿਨੋਦ ਪਰਮਾਰ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ।

ਮੇਅਰ ਇਸ ਮੌਕੇ ਤੇ ਨੇ ਮੌਕੇ ਤੇ ਚਿੰਤਪੁਰਨੀ ਰੋਡ ਤੇ ਲੱਗੀਆਂ ਸਟਰੀਟ ਲਾਈਟਾਂ ਦਾ ਮੁਆਇਨਾ ਕੀਤਾ ਅਤੇ ਸਫਾਈ ਕਰਮਚਾਰੀਆਂ ਵਲੋਂ ਕੀਤੀ ਜਾ ਰਹੀ ਸਫਾਈ ਸਬੰਧੀ ਜਾਣਕਾਰੀ ਹਾਸਲ ਕੀਤੀ। ਉਹਨਾਂ ਦੱਸਿਆ ਕਿ ਨਗਰ ਨਿਗਮ ਵਲੋਂ ਮੇਲੇ ਦੌਰਾਨ ਚਿੰਤਪੁਰਨੀ ਰੋਡ ਤੇ ਸਫਾਈ ਕਰਨ ਲਈ ਸੈਨੇਟਰੀ ਇੰਸਪੈਕਟਰਾਂ ਦੀ ਅਗਵਾਈ ਹੇਠ ਸਫਾਈ ਸੇਵਕਾਂ ਦੀਆਂ ਟੀਮਾਂ ਬਣਾਈਆਂ ਗਈਆਂ ਹਨ, ਜ਼ੋ ਇਸ ਸੜਕ ਤੇ ਸਫਾਈ ਸਬੰਧੀ ਜੁੰਮੇਵਾਰ ਹੋਣਗੀਆਂ, ਇਸ ਤੋ ਇਲਾਵਾ ਇਸ ਸੜਕ ਤੇ ਸਟਰੀਟ ਲਾਈਟ ਨੂੰ ਚਾਲੂ ਹਾਲਤ ਵਿਚ ਰੱਖਣਾ ਯਕੀਨੀ ਬਣਾਉਣ ਲਈ ਇਲੈਕਟ੍ਰਿਕਲ ਸਟਾਫ ਦੀ ਡਿਊਟੀ ਲਗਾਈ ਗਈ ਹੈ।

ਮੇਅਰ ਸ਼ਿਵ ਸੂਦ ਨੇ ਮੇਲੇ ਦੌਰਾਨ ਲੰਗਰ ਲਗਾਉਣ ਵਾਲੀਆਂ ਕਮੇਟੀਆਂ ਨੂੰ ਅਪੀਲ ਕੀਤੀ ਕਿ ਉਹ ਲੰਗਰ ਸੜਕ ਤੋ ਹੱਟ ਕੇ ਲਗਾਉਣ ਅਤੇ ਲੰਗਰ ਵਿਚ ਸਫਾਈ ਅਤੇ ਪੀਣ ਵਾਲੇ ਪਾਣੀ ਦਾ ਵਿਸ਼ੇਸ਼ ਧਿਆਨ ਰੱਖਣ ਪੀਣ ਵਾਲਾ ਪਾਣੀ ਕਲੋਰਿਨ ਦਵਾਈ ਮਿਲਾਕੇ ਹੀ ਵਰਤਿਆ ਜਾਵੇ। ਉਹਨਾਂ ਮੇਲੇ ਦੌਰਾਨ ਜਾਣ ਵਾਲੇ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਨਗਰ ਨਿਗਮ ਵਲੋਂ ਲਗਾਏ ਗਏ ਸਫਾਈ ਕਰਮਚਾਰੀਆਂ ਨੂੰ ਸਫਾਈ ਰੱਖਣ ਵਿਚ ਸਹਿਯੋਗ ਦੇਣ।